# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-08-2024**

ਕੇਂਦਰ ਸਰਕਾਰ ਨੇ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਵਿੱਚ ਪੰਜ ਨਵੇਂ ਜ਼ਿਲ੍ਹੇ, ਜ਼ਾਂਸਕਰ, ਦਰਾਸ, ਸ਼ਾਮ, ਨੁਬਰਾ ਅਤੇ ਚਾਂਗਥਾਂਗ ਬਣਾਉਣ ਦਾ ਫੈਸਲਾ ਕੀਤਾ ਏ। ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ, ਕਿ ਗ੍ਰਹਿ ਮੰਤਰਾਲੇ ਨੇ ਇੱਕ ਵਿਕਸਤ ਅਤੇ ਖੁਸ਼ਹਾਲ ਲੱਦਾਖ  ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਨਜ਼ਰੀਏ ਦੀ ਪੈਰਵੀ ਕਰਨ ਲਈ, ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ, ਨਵੇਂ ਜ਼ਿਲ੍ਹੇ ਹਰ ਪੱਧਰ 'ਤੇ ਪ੍ਰਸ਼ਾਸਨ ਨੂੰ ਮਜ਼ਬੂਤ ਕਰਕੇ ਲੋਕਾਂ ਲਈ ਲਾਭ ਉਨ੍ਹਾਂ ਦੇ ਦਰ ਤੱਕ ਪਹੁੰਚਾਉਣਗੇ। ਉਨ੍ਹਾਂ ਕਿਹਾ ਕਿ ਸਰਕਾਰ ਲੱਦਾਖ ਦੇ ਲੋਕਾਂ ਲਈ, ਭਰਪੂਰ ਮੌਕੇ ਪੈਦਾ ਕਰਨ ਲਈ ਵਚਨਬੱਧ ਏ।

-----------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਹ ਤਿਉਹਾਰ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੰਦਰਾਂ ਵਿੱਚ ਦਰਸ਼ਨਾਂ ਲਈ ਪਹੁੰਚ ਰਹੇ ਨੇ । ਜਲੰਧਰ ਦੇ ਦੇਵੀ ਤਲਾਅ ਮੰਦਰ ਅਤੇ ਹੋਰਨਾਂ ਮੰਦਰਾਂ ਨੂੰ, ਖ਼ੂਬਸੂਰਤ ਢੰਗ ਨਾਲ ਸਜਾਇਆ ਜਾ ਰਿਹਾ ਏ । ਓਧਰ ਉੱਤਰ ਪ੍ਰਦੇਸ਼ ਦੇ ਮਥੁਰਾ ਅਤੇ ਵ੍ਰਿੰਦਾਵਨ 'ਚ ਵੀ ਖਾਸ ਉਤਸ਼ਾਹ ਵੇਖਿਆ ਜਾ ਰਿਹਾ ਏ । ਇਸ ਮੌਕੇ 'ਤੇ ਸ੍ਰੀ ਬਾਂਕੇ ਬਿਹਾਰੀ ਮੰਦਰ, ਪ੍ਰੇਮ ਮੰਦਰ, ਵ੍ਰਿੰਦਾਵਨ ਦੇ ਇਸਕੋਨ ਮੰਦਰ ਅਤੇ ਮਥੁਰਾ ਦੇ ਸ੍ਰੀ ਕ੍ਰਿਸ਼ਨ ਜਨਮਭੂਮੀ ਮੰਦਰ ਸਮੇਤ ਕਈ ਹੋਰ ਮੰਦਰਾਂ ਨੂੰ ਵਿਸ਼ੇਸ਼ ਤੌਰ 'ਤੇ ਸਜਾਇਆ ਗਿਆ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਏ । ਰਾਸ਼ਟਰਪਤੀ ਨੇ ਕਿਹਾ ਕਿ ਖੁਸ਼ੀ ਦਾ ਇਹ ਤਿਉਹਾਰ ਸਾਨੂੰ ਭਗਵਾਨ ਕ੍ਰਿਸ਼ਨ ਦੇ ਬ੍ਰਹਮ

ਆਦਰਸ਼ਾਂ ਨੂੰ ਸਮਰਪਿਤ ਕਰਨ ਲਈ ਪ੍ਰੇਰਿਤ ਕਰਦਾ ਏ । ਰਾਸ਼ਟਰਪਤੀ ਨੇ ਸਾਰਿਆਂ ਨੂੰ ਭਗਵਾਨ ਕ੍ਰਿਸ਼ਨ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਅਤੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਨ ਦਾ ਪ੍ਰਣ ਕਰਨ ਦੀ ਵੀ ਅਪੀਲ ਕੀਤੀ । ਉਪ ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਧਰਮ ਦੀਆਂ ਸਦੀਵੀ ਕਦਰਾਂ-ਕੀਮਤਾਂ, ਬੁਰਾਈ 'ਤੇ ਚੰਗਿਆਈ ਦੀ ਜਿੱਤ, ਸੱਚਾਈ ਅਤੇ ਦਇਆ 'ਤੇ ਆਧਾਰਿਤ ਜੀਵਨ ਦੀ ਮਹੱਤਤਾ ਨੂੰ ਦਰਸਾਉਂਦਾ ਏ ।

---------------------------------------------------------

ਮਾਲੇਰਕੋਟਲਾ ਦੇ ਵਿਧਾਇਕ, ਡਾ ਜਮੀਲ ਉਰ ਰਹਿਮਾਨ ਨੇ ਜਨਮ ਅਸ਼ਟਮੀ ‘ਤੇ ਜ਼ਿਲ੍ਹੇ ਦੀ ਅਵਾਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਉਨ੍ਹਾਂ ਨੇ ਕਿਹਾ ਕਿ ਇਹ ਤਿਉਹਾਰ ਲੋਕਾਂ ਦੇ ਦਰਮਿਆਨ ਪ੍ਰੇਮ ਅਤੇ ਭਗਤੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦਾ ਏ । ਸ਼੍ਰੀ ਕ੍ਰਿਸ਼ਨ ਨੇ ਅਨਿਆਂ ਦੇ ਖਿਲਾਫ ਲੜ ਕੇ ਧਰਮ ਅਤੇ ਨਿਆਂ ਦੇ ਮਾਰਗ ‘ਤੇ ਚਲਦਿਆ ਇੱਕ ਆਦਰਸ਼ ਸਮਾਜ ਦੀ ਸਥਾਪਨਾ ਦਾ ਮਾਰਗ ਦਿਖਾਇਆ ।

---------------------------------------------------

ਮਸ਼ੀਨੀ ਬੁੱਧੀਮਤਾ ਵਿੱਚ ਪੰਜਾਬੀ ਭਾਸ਼ਾ ਅਤੇ ਬੋਧ ਦੀ ਸ਼ਮੂਲੀਅਤ ਲਈ ਲੋੜੀਂਦੀ ਤਕਨੀਕੀ ਜਾਣਕਾਰੀ ਅਤੇ ਅਭਿਆਸ ਲਈ ਭਾਸ਼ਾ ਵਿਭਾਗ ਪੰਜਾਬ ਵੱਲੋਂ ਪਟਿਆਲਾ ਮੁੱਖ ਦਫ਼ਤਰ ਵਿਖੇ ਕੱਲ੍ਹ ਇੱਕ ਰੋਜ਼ਾ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਜਾ ਰਿਹਾ ਏ । ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਸ ਇੱਕ ਦਿਨਾ ਵਰਕਸ਼ਾਪ ਵਿੱਚ ਵਿਭਾਗ ਦੇ ਪ੍ਰਕਾਸ਼ਨ, ਕੰਪਿਊਟਰ ਅਤੇ ਇਸ ਕਾਰਜ ਨਾਲ ਸਬੰਧਤ ਦੂਸਰੀਆਂ ਸ਼ਾਖਾਵਾਂ ਅਤੇ ਜ਼ਿਲ੍ਹਾ ਭਾਸ਼ਾ ਦਫਤਰਾਂ ਵਿੱਚ ਕੰਮ ਕਰਦੇ ਅਧਿਕਾਰੀ ਤੇ ਕਰਮਚਾਰੀ ਹਿੱਸਾ ਲੈਣਗੇ। ਵਿਭਾਗ ਤੋਂ ਬਾਹਰੋਂ ਹਿੱਸਾ ਲੈਣ ਦੇ ਚਾਹਵਾਨ ਵਿਭਾਗ ਦੇ ਸਹਾਇਕ ਨਿਰਦੇਸ਼ਕ ਨਾਲ ਸੰਪਰਕ ਕਰ ਸਕਦੇ ਨੇ ।

---------------------------------------------------

ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ, ਖੇਡ ਸੱਭਿਆਚਾਰ ਪ੍ਰਫੁੱਲਤ ਕਰਨ ਅਤੇ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਸ਼ਾਲ ਮਾਰਚ ਕੀਤਾ ਜਾ ਰਿਹਾ ਏ । ਇਹ ਮਾਰਚ ਕੱਲ ਜ਼ਿਲ੍ਹਾ

ਫਤਹਿਗੜ੍ਹ ਸਾਹਿਬ ਵਿੱਚ ਦਾਖਲ ਹੋਇਆ। ਇਸ ਦੇ ਸਵਾਗਤ ਲਈ ਅਕਾਲ ਅਕੈਡਮੀ, ਚੁੰਨੀ ਕਲਾਂ ਨੇੜੇ ਰੱਖੇ ਸਮਾਗਮ ਵਿੱਚ ਹਲਕਾ ਵਿਧਾਇਕ ਰੁਪਿੰਦਰ ਸਿੰਘ ਹੈਪੀ ਤੇ ਐੱਸ. ਡੀ.ਐਮ. ਸੰਜੀਵ ਕੁਮਾਰ, ਸਮੇਤ ਵੱਖ-ਵੱਖ ਪ੍ਰਸ਼ਾਸਨਿਕ ਅਧਿਕਾਰੀ, ਵੱਡੀ ਗਿਣਤੀ ਖਿਡਾਰੀ ਤੇ ਪਤਵੰਤੇ ਸ਼ਾਮਲ ਹੋਏ। ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ" ਇਤਿਹਾਸਕ ਕਦਮ ਏ, ਜਿਸ ਨਾਲ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਢੁਕਵਾਂ ਮੌਕਾ ਮਿਲਦਾ ਏ ਅਤੇ ਨਾਲ ਹੀ ਨੌਜਵਾਨਾਂ ਨੂੰ ਵੱਖ ਵੱਖ ਅਲਾਮਤਾਂ ਤੋਂ ਬਚਾਅ ਕੇ ਸਹੀ ਰਸਤੇ ਉੱਤੇ ਵੀ ਪਾਇਆ ਜਾ ਸਕਦਾ ਏ।

---------------------------------------------------------------

ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਕੌਮਾਂਤਰੀ ਹਾਕੀ ਸਟੇਡੀਅਮ ਵਿਖੇ, ਕਰਵਾਏ ਗਏ ਮੈਚ ਵਿੱਚ ਸੁਰਜੀਤ ਹਾਕੀ ਅਕੈਡਮੀ ਜਲੰਧਰ ਨੇ, ਪੀ.ਆਈ.ਐਸ ਮੋਹਾਲੀ ਨੂੰ 2-0 ਨਾਲ ਹਰਾ ਕੇ ਪੰਜਾਬ ਹਾਕੀ ਲੀਗ ਵਿੱਚ 6ਵੀਂ ਜਿੱਤ ਹਾਸਲ ਕਰਦੇ ਹੋਏ ਆਪਣੇ ਖਾਤੇ ਵਿੱਚ 17 ਅੰਕ ਹਾਸਲ ਕਰ ਲਏ ਨੇ ਟੀਮ ਪੰਜਾਬ ਹਾਕੀ ਲੀਗ ਵਿੱਚ ਦੂਜੇ

ਨੰਬਰ ਤੇ ਚਲ ਰਹੀ ਏ । ਸੁਰਜੀਤ ਹਾਕੀ ਅਕੈਡਮੀ ਦੇ ਸਹਿਜਪ੍ਰੀਤ ਸਿੰਘ ਨੂੰ, ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ। ਇਸ ਮੌਕੇ ਤੇ ਉਲੰਪੀਅਨ ਰਜਿੰਦਰ ਸਿੰਘ, ਅਸ਼ਫਾਕ ਉਲਾ ਖਾਨ ਸਮੇਤ ਹੋਰ ਹਾਕੀ ਪ੍ਰੇਮੀ ਮੌਜੂਦ ਰਹੇ ।